# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 19-07-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰੀ, ਡਾ. ਮਨਸੁਖ ਮਾਂਡਵੀਆ ਨੇ 2047 ਤੱਕ ਭਾਰਤ ਦੇ ਵਿਕਸਤ ਰਾਸ਼ਟਰ ਬਣਨ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ, ਨੌਜਵਾਨਾਂ ਨੂੰ ਨਸ਼ਾ ਮੁਕਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।
- ਆਮ ਆਦਮੀ ਪਾਰਟੀ ਦੇ ਖਰੜ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਅਨਮੋਲ ਗਗਨ ਮਾਨ ਨੇ ਸਿਆਸਤ ਛੱਡਣ ਦਾ ਐਲਾਨ ਕੀਤਾ ਏ.
- ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ ‘ਚ ਲੋਕ ਪੱਖੀ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

- ਅੱਜ, ਅਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ, ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ.
- ਔਰਤਾਂ ਦੇ ਕ੍ਰਿਕੇਟ ਵਿੱਚ, ਲੰਡਨ ਦੇ ਲਾਰਡਸ ਵਿਖੇ ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ ਮੀਂਹ ਕਾਰਨ ਟਾਸ ਵਿੱਚ ਦੇਰੀ ਹੋਈ ਏ।

---------------------------------------------------

ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ,ਡਾ. ਮਨਸੁਖ ਮਾਂਡਵੀਆ ਨੇ 2047 ਤੱਕ ਭਾਰਤ ਦੇ ਵਿਕਸਤ ਰਾਸ਼ਟਰ ਬਣਨ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ, ਨੌਜਵਾਨਾਂ ਨੂੰ ਨਸ਼ਾ ਮੁਕਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਾਰਾਣਸੀ ਵਿੱਚ **ਨੌਜੁਆਨ ਅਧਿਆਤਮਿਕ ਸੰਮੇਲਨ** ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ, ਸ੍ਰੀ ਮਾਂਡਵੀਆ ਨੇ ਨਾਗਰਿਕਾਂ ਨੂੰ ਰਾਸ਼ਟਰ ਨਿਰਮਾਣ ਨੂੰ ਤਰਜੀਹ ਦੇਣ ਅਤੇ ਨਸ਼ਾ ਮੁਕਤ ਭਾਰਤ ਮੁਹਿੰਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ । ਉਨ੍ਹਾਂ

ਨੇ ਹਰੇਕ ਨਾਗਰਿਕ ਨੂੰ ਘੱਟੋ-ਘੱਟ ਪੰਜ ਨੌਜਵਾਨਾਂ ਨੂੰ ਇਸ ਪਹਿਲਕਦਮੀ ਨਾਲ ਜੋੜਨ ਦਾ ਅਹਿਦ ਲੈਣ ਦਾ ਸੱਦਾ ਦਿੱਤਾ-

BYTE -

ਇਸ ਮੌਕੇ 'ਤੇ ਬੋਲਦਿਆਂ, ਸਮਾਜਿਕ ਨਿਆਂ ਅਤੇ ਸ਼ਕਤੀਕਰਨ ਬਾਰੇ ਮੰਤਰੀ, ਡਾ. ਵੀਰੇਂਦਰ ਕੁਮਾਰ ਨੇ ਵੱਖ-ਵੱਖ ਯੋਜਨਾਵਾਂ ਅਤੇ ਪਹਿਲਕਦਮੀਆਂ ਰਾਹੀਂ ਨੌਜਵਾਨਾਂ ਵਿੱਚ ਨਸ਼ੇ ਦੀ ਲਤ ਨਾਲ ਲੜਨ ਸੰਬੰਧੀ ਸਰਕਾਰ, ਦੀਆਂ ਚਲ ਰਹੀਆਂ ਕੋਸ਼ਿਸ਼ਾਂ ਬਾਰੇ ਗੱਲ ਕੀਤੀ

BYTE

00 ਸਮਾਜਿਕ-ਸੱਭਿਆਚਾਰਕ ਅਤੇ ਅਧਿਆਤਮਿਕ ਸੰਗਠਨਾਂ ਦੇ 500 ਤੋਂ ਵੱਧ ਨੌਜਵਾਨ ਪ੍ਰਤੀਨਿਧੀਆਂ ਨੇ ਸੰਮੇਲਨ ਵਿੱਚ ਹਿੱਸਾ ਲਿਆ, ਜੋ ਕੱਲ੍ਹ ਕਾਸ਼ੀ ਐਲਾਨਨਾਮੇ, ਜਿਸ ਵਿੱਚ ਨਸ਼ਾ ਮੁਕਤ ਭਾਰਤ ਬਣਾਉਣ ਲਈ ਇੱਕ ਵਿਆਪਕ ਕਾਰਜ ਯੋਜਨਾ ਦੀ ਰੂਪਰੇਖਾ ਦਿੱਤੀ ਜਾਵੇਗੀ, ਦੇ ਜਾਰੀ ਹੋਣ ਨਾਲ ਸਮਾਪਤ ਹੋਵੇਗਾ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ

ਨਸ਼ਿਆਂ ਦੀ ਅਲਾਮਤ ਫੈਲਾਉਣ ਵਾਲਿਆਂ ਨਾਲ ਕੋਈ ਰਹਿਮ ਨਹੀਂ ਵਰਤਿਆ ਜਾਵੇਗਾ ਅਤੇ ਨਸ਼ਾ ਤਸਕਰੀ 'ਚ ਖ਼ੁਦ ਨੂੰ ਅਜਿੱਤ ਮੰਨਣ ਵਾਲਿਆਂ ਨੂੰ ਸਲਾਖਾਂ ਪਿੱਛੇ ਕੀਤਾ ਗਿਆ ਏ । ਮਾਲੇਰਕੋਟਲਾ ਵਿਚ ਅਹਿਮਦਗੜ੍ਹ ਅਤੇ ਅਮਰਗੜ੍ਹ ਵਿਖੇ ਨਵੇਂ ਤਹਿਸੀਲ ਕੰਪਲੈਕਸਾਂ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਲੋਕਾਂ ਤੋਂ ਪੂਰਾ ਸਮਰਥਨ ਅਤੇ ਸਹਿਯੋਗ ਮੰਗਿਆ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਜਿਹੀਆਂ ਇਮਾਰਤਾਂ ਲੋਕਾਂ ਦੀਆਂ ਭਵਿੱਖ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬਣਾਈਆਂ ਜਾ ਰਹੀਆਂ ਨੇ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਵਿਲੱਖਣ ਪਹਿਲਕਦਮੀਆਂ ਲੋਕਾਂ ਨੂੰ ਅਸੁਵਿਧਾ ਤੋਂ ਬਚਾਉਣ ਅਤੇ ਇਹ ਯਕੀਨੀ ਬਣਾਉਣ ਲਈ ਕੀਤੀਆਂ ਗਈਆਂ ਨੇ ਕਿ ਉਨ੍ਹਾਂ ਨੂੰ ਸਮਾਂਬੱਧ ਤਰੀਕੇ ਨਾਲ ਸੇਵਾਵਾਂ ਮਿਲਣ।

---------------------------------------------------------------

ਆਮ ਆਦਮੀ ਪਾਰਟੀ ਦੇ ਖਰੜ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਅਨਮੋਲ ਗਗਨ ਮਾਨ ਨੇ ਸਿਆਸਤ ਛੱਡਣ ਦਾ ਐਲਾਨ ਕੀਤਾ ਏ. ਉਨ੍ਹਾਂ

ਨੇ ਵਿਧਾਇਕ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਏ. ਇਸ ਸਬੰਧੀ ਅਨਮੋਲ ਗਗਨ ਮਾਨ ਨੇ SOCIAL ਮੀਡਿਆ PLATFORM ‘X’ ‘ਤੇ ਪੋਸਟ ਰਾਹੀਂ ਜਾਣਕਾਰੀ ਦਿੰਦਿਆਂ ਕਿਹਾ ਕਿ, ਸਿਆਸਤ ਛਡਣ ਦਾ ਫੈਸਲਾ ਓਹਨਾਂ ਨੇ ਭਾਰੀ ਦਿਲ ਨਾਲ ਲਿਆ ਏ. ਹਾਲਾਂਕਿ ਓਹਨਾਂ ਨੇ ਇਸ ਫੈਸਲੇ ਪਿਛੇ ਕਾਰਣ ਨਹੀਂ ਦੱਸਿਆ ਏ।

-------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ ‘ਚ ਲੋਕ ਪੱਖੀ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਕੈਬਨਿਟ ਮੰਤਰੀ ਨੇ ਪਿੰਡ ਲੰਬੀ ਵਿਖੇ ਪਬਲਿਕ ਹੈਲਥ ਯੂਨਿਟ ਅਤੇ ਪਿੰਡ ਮਾਣੀਖੇੜਾ ਵਿਖੇ ਪੀਣ ਵਾਲੇ ਪਾਣੀ ਲਈ ਨਵੇਂ ਬੋਰਵੈਲ, ਛੱਪੜ ਦੇ ਨਵੀਨੀਕਰਨ ਅਤੇ ਗਲੀਆਂ ‘ਚ ਇੰਟਰਲਾਕ ਟਾਈਲਾਂ ਲਗਾਉਣ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਦਿਨ-ਰਾਤ ਇੱਕ ਕਰਕੇ ਕੰਮ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪੂਰੇ ਪੰਜਾਬ ਵਾਂਗ ਲੰਬੀ ਹਲਕੇ

‘ਚ ਕਿਸੇ ਵੀ ਵਿਕਾਸ ਕਾਰਜ ਲਈ ਫੰਡਾਂ ਦੀ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਪ੍ਰੋਜੈਕਟ ਨੂੰ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ ਜਾ ਰਿਹਾ ਏ। ਸ਼੍ਰੀ ਖੁੱਡੀਆਂ ਨੇ ਦੱਸਿਆ ਕਿ ਸਰਕਾਰੀ ਮਹਿਕਮਿਆਂ ਵਿੱਚ ਸੁਧਾਰ ਦੇ ਨਾਲ-ਨਾਲ ਉਨ੍ਹਾਂ ਦੀ ਸਰਕਾਰ ਵੱਲੋਂ ਸਮਾਜਕ ਸੁਧਾਰਾਂ ਲਈ ਵੀ ਲੋੜੀਂਦੇ ਯਤਨ ਲਗਾਤਾਰ ਜਾਰੀ ਨੇ. ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ‘ਯੁੱਧ ਨਸ਼ਿਆਂ ਵਿਰੁੱਧ’ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਨਾ ਸਿਰਫ ਨਸ਼ਾ ਤਸਕਰਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾ ਰਿਹਾ ਏ ਸਗੋਂ ਨਸ਼ਿਆਂ ਦੀ ਆਦਤ ਤੋਂ ਪੀੜਤ ਮਰੀਜ਼ਾਂ ਦਾ ਸਹੀ ਇਲਾਜ ਤੇ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਦੀਆਂ ਕੋਸ਼ਿਸ਼ਾਂ ਵੀ ਕੀਤੀਆਂ ਜਾ ਰਹੀਆਂ ਨੇ. ਇਸ ਮੌਕੇ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

---------------------------------------------------------

ਭਾਜਪਾ ਦੇ ਨਵੇਂ ਨਿਯੁਕਤ ਹੋਏ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਲੀਡਰਸ਼ਿਪ ਨੇ ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਪੰਜਾਬ ਵਿਚ ਅਮਨ-

ਸ਼ਾਂਤੀ, ਭਾਈਚਾਰੇ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਭਾਜਪਾ ਦੇ ਕਾਰਜਕਾਰੀ ਪੰਜਾਬ ਪ੍ਰਧਾਨ, ਅਸ਼ਵਨੀ ਸ਼ਰਮਾ ਅਤੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਗ ਨੇ ਆਪਣੇ ਸਾਥੀਆਂ ਸਮੇਤ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ ਅਸ਼ਵਨੀ ਸ਼ਰਮਾ ਨੇ <u>ਕਿਹਾ ਕਿ ਓਹ ਇੱਥੇ ਕਿਸੇ ਨੇਤਾ ਜਾਂ ਪਾਰਟੀ ਦੇ ਰੂਪ ਵਿਚ ਨਹੀਂ, ਸਿਰਫ ਨਾਨਕ ਨਾਮ ਲੇਵਾ ਸੰਗਤ ਵਜੋਂ ਆਏ ਨੇ-</u>

**BYTE -**

ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਦੀ ਸੁਰੱਖਿਆ ਨੂੰ ਲੈ ਕੇ ਸੰਵੇਦਨਸ਼ੀਲ ਏ ਅਤੇ ਜਦੋਂ ਵੀ ਜ਼ਰੂਰਤ ਪਈ, ਕੇਂਦਰ ਨੇ ਤੁਰੰਤ ਕਾਰਵਾਈ ਕੀਤੀ। ਅਸ਼ਵਨੀ ਸ਼ਰਮਾ ਨੇ ਪੰਜਾਬ ਸਰਕਾਰ ‘ਤੇ ਨਿਸ਼ਾਨਾ ਲਾਉਂਦਿਆਂ ਕਿਹਾ ਕਿ ਗੁਰੂ ਘਰ ਨੂੰ ਮਿਲ ਰਹੀਆਂ ਧਮਕੀਆਂ ਨੂੰ ਭਗਵੰਤ ਮਾਨ ਸਰਕਾਰ ਨੇ ਗੰਭੀਰਤਾ ਨਾਲ ਨਹੀਂ ਲਿਆ। ਸ੍ਰੀ ਸ਼ਰਮਾ ਨੇ ਕਿਹਾ ਕਿ ਰਾਜ ਸਰਕਾਰ  ਨੂੰ ਚਾਹੀਦਾ ਕਿ ਕੇਂਦਰ ਨਾਲ ਰਲ ਕੇ ਗੁਰੂ ਘਰ ਦੀ ਸੁਰੱਖਿਆ ਯਕੀਨੀ ਬਣਾਵੇ ।

ਦੂਜੇ ਪਾਸੇ ਤਰੁਣ ਚੁੱਗ ਨੇ ਭਗਵੰਤ ਮਾਨ ਸਰਕਾਰ 'ਤੇ ਨਿਸ਼ਾਨਾ ਲਾਉਂਦਿਆਂ ਕਿਹਾ ਕਿ ਧਮਕੀ ਭਰੀ E – MAIL ਆਉਣਾ ਗੰਭੀਰ ਮਾਮਲਾ ਏ ਪਰ ਮੁੱਖ ਮੰਤਰੀ ਅਤੇ ਸੂਬਾ ਸਰਕਾਰ ਇਸ ਨੂੰ ਬਹੁਤ ਹਲਕੇ ਵਿੱਚ ਲੈ ਰਹੇ ਨੇ-

byte –

-----------------------------------------------------

ਅੱਜ, ਅਠਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ, ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਜਿਥੇ ਸੰਗਤਾ, ਵੱਡੀ ਗਿਣਤੀ ਵਿਚ ਸਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚ ਰਹੀਆ ਨੇ, ਉਥੇ ਹੀ ਵਖ – ਵਖ ਗੁਰੂਧਾਮਾਂ ਤੇ ਗੁਰਦਵਾਰਿਆਂ 'ਚ ਵੀ ਗੁਰਬਾਣੀ ਕੀਰਤਨ ਦਾ ਪ੍ਰਵਾਹ ਸਵੇਰ ਤੋਂ ਹੀ ਜਾਰੀ ਏ ਤੇ ਇਸ ਮੌਕੇ ਵਿਸ਼ੇਸ਼ ਸਮਾਗਮ ਪ੍ਰੋਗ੍ਰਾਮ ਕਰਾਏ ਜਾ ਰਹੇ ਨੇ. ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੇ ਉਸ ਸਮੇਂ ਦੇ ਮੁਗਲ ਹਾਕਮ, ਔਰੰਗਜੇਬ ਦੇ ਮਨੁਖਤਾ ਦੇ ਵਿਰੁਧ ਮਨਸੁਬਿਆ ਦਾ ਵਿਰੋਧ ਕੀਤਾ ਅਤੇ ਤਿੰਨ ਸਾਲ ਅਠ ਮਹੀਨੇ ਤੇ

ਕੁਝ ਦਿਨ ਗੁਰੂ ਗਦੀ ਤੇ ਵਿਰਾਜਮਾਨ ਰਹੇ ਅਤੇ ਸਮਾਜਿਕ ਬੁਰਾਇਿਆ ਨੂੰ ਖਤਮ ਕੀਤਾ. ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ, ਗਿਆਨੀ ਰਘਬੀਰ ਸਿੰਘ ਵਲੋ ਸਮੁਚੀ ਮਾਨਵਤਾ ਨੂੰ ਇਸ ਗੁਰਪੁਰਬ ਦੀ ਵਧਾਈ ਦਿਤੀ ਗਈ ਏ । ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਅੱਠਵੇਂ ਪਾਤਸ਼ਾਹ, ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੀਆਂ ਵਧਾਈਆਂ ਦਿੰਦਿਆਂ ਆਪਣੇ ਸੁਨੇਹੇ 'ਚ ਕਿਹਾ ਏ ਕਿ ਗੁਰੂ ਸਾਹਿਬ ਨੇ ਛੋਟੀ ਉਮਰੇ ਹੀ ਦੀਨ ਦੁਖੀਆਂ ਦੀ ਸਹਾਇਤਾ ਕਰਦਿਆਂ ਸੇਵਾ ਦੀ ਅਨੋਖੀ ਮਿਸਾਲ ਕਾਇਮ ਕੀਤੀ ।

--------------------------------------------------------

ਅੱਜ ਫਰੀਦਕੋਟ ਵਿਧਾਨ ਸਭਾ ਹਲਕੇ ਦੇ ਵਿਧਾਇਕ, ਗੁਰਦਿੱਤ ਸਿੰਘ ਸੇਖੋਂ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਲਈ ਕਈ ਮਹੱਤਵਪੂਰਨ ਸੜਕ ਪ੍ਰੋਜੈਕਟਾਂ ਦੀ ਨੀਂਹ ਪੱਥਰ ਰੱਖ ਕੇ ਸ਼ੁਰੂਆਤ ਕੀਤੀ ਗਈ। ਉਨ੍ਹਾਂ ਸ਼ਾਹਬਾਜ ਨਗਰ, ਦਸ਼ਮੇਸ਼ ਨਗਰ, ਦੀਪ ਸਿੰਘ ਨਗਰ ਅਤੇ ਹਰਿੰਦਰਾ ਨਗਰ 'ਚ ਨਵੀਆਂ ਸੜਕਾਂ ਬਣਾਉਣ ਦੇ ਕੰਮ ਦੀ ਸ਼ੁਰੂਆਤ

ਕਰਵਾਈ, ਜੋ ਇਲਾਕੇ ਦੀਆਂ ਲੰਮੇ ਸਮੇਂ ਤੋਂ ਚੱਲਦੀਆਂ ਮੰਗਾਂ ਨੂੰ ਪੂਰਾ ਕਰਨ ਵੱਲ ਇਕ ਵੱਡਾ ਕਦਮ ਏ।

---------------------------------------------------------------

ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ 8 ਗਰੁੱਪਾਂ ਦੇ 520 ਐਨ.ਸੀ.ਸੀ. ਕੈਡਟਸ ਨੇ 12 ਤੋਂ 19 ਜੁਲਾਈ ਤੱਕ ਐਨ.ਸੀ.ਸੀ. ਅਕੈਡਮੀ ਰੂਪਨਗਰ, ਪੰਜਾਬ ਵਿਖੇ "ਪੀ.ਐੱਚ.ਐਚ.ਪੀ. ਅਤੇ ਸੀ ਡਾਇਰੈਕਟੋਰੇਟ" ਵੱਲੋਂ ਕਰਵਾਏ ਗਏ ਪ੍ਰਸਿੱਧ ਇੰਟਰ ਗਰੁੱਪ ਮੁਕਾਬਲੇ ਵਿੱਚ ਹਿੱਸਾ ਲਿਆ। ਇਸ ਦੌਰਾਨ ਕੈਡਟਸ ਨੂੰ ਸਰੀਰਕ ਤੌਰ 'ਤੇ ਚੁਣੌਤੀਪੂਰਨ ਅਤੇ ਮਾਨਸਿਕ ਤੌਰ 'ਤੇ ਦਿਮਾਗੀ ਕਸਰਤ ਵਾਲੀਆਂ ਕਈ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ। ਮੁਕਾਬਲਿਆਂ ਵਿੱਚ ਰੁਕਾਵਟ ਪਾਥ ਮੁਕਾਬਲਾ, ਨਕਸ਼ਾ ਪੜ੍ਹਨਾ, ਸਿਹਤ ਅਤੇ ਸਫਾਈ, ਫੀਲਡ ਅਤੇ ਬੈਟਲ ਕਰਾਫਟ ਮੁਕਾਬਲਾ ਅਤੇ ਫਾਇਰਿੰਗ ਸ਼ਾਮਲ ਸਨ। ਇਸ ਤੋਂ ਬਾਅਦ ਇਨਾਮ ਵੰਡ ਸਮਾਰੋਹ ਹੋਇਆ ਜਿਸ ਵਿੱਚ ਮੇਜਰ ਜਨਰਲ ਜੈ.ਐਸ. ਚੀਮਾ, ਐਡੀ.ਡੀ.ਜੀ. ਐਨ.ਸੀ.ਸੀ., ਪੀ.ਐੱਚ.ਐੱਚ.ਪੀ. ਅਤੇ ਸੀ ਡਾਇਰੈਕਟੋਰੇਟ ਨੇ ਜੇਤੂ

ਗਰੁੱਪਾਂ ਨੂੰ 136 ਤਮਗੇ ਅਤੇ 5 ਟ੍ਰੌਫੀਆਂ ਵੰਡੀਆਂ।ਮੇਜਰ ਜਨਰਲ ਚੀਮਾ ਨੇ ਸਮਾਰੋਹ ਦੀ ਸਫਲਤਾ ਲਈ ਸਾਰੇ ਮੁਲਾਜ਼ਮਾਂ ਦੀ ਤਾਰੀਫ਼ ਕੀਤੀ ਅਤੇ ਕੈਡਟਸ ਨੂੰ ਐਨ.ਸੀ.ਸੀ. ਦੀਆਂ ਉੱਚੀਆਂ ਰਵਾਇਤਾਂ ਅਨੁਸਾਰ ਲਗਾਤਾਰ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਲੰਡਨ ਦੇ ਲਾਰਡਸ ਵਿਖੇ ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ ਮੀਂਹ ਕਾਰਨ ਟਾਸ ਵਿੱਚ ਦੇਰੀ ਹੋਈ ਏ । ਇਹ ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਬਾਅਦ ਸਾਢੇ 3 ਵਜੇ ਸ਼ੁਰੂ ਹੋਣਾ ਸੀ। ਔਰਤਾਂ ਦੀ ਟੀਮ ਸਾਊਥੈਂਪਟਨ ਵਿੱਚ ਪਹਿਲੇ ਇੱਕ ਰੋਜ਼ਾ ਮੈਚ ਵਿੱਚ ਮੇਜ਼ਬਾਨ ਇੰਗਲੈਂਡ ਨੂੰ 4 ਵਿਕਟਾਂ ਨਾਲ ਹਰਾਉਣ ਤੋਂ ਬਾਅਦ ਇਸ ਸਮੇਂ ਤਿੰਨ ਮੈਚਾਂ ਦੀ ਲੜੀ ਵਿੱਚ 1-0 ਨਾਲ ਅੱਗੇ ਏ । ਤੀਜਾ ਅਤੇ ਆਖਰੀ ਇੱਕ ਰੋਜ਼ਾ ਮੈਚ ਇਸ ਮਹੀਨੇ ਦੀ 22 ਤਰੀਕ ਨੂੰ ਚੈਸਟਰ-ਲੇ-ਸਟ੍ਰੀਟ ਵਿੱਚ ਖੇਡਿਆ ਜਾਵੇਗਾ ।

------------------------------------------------------------

- ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰੀ, ਡਾ. ਮਨਸੁਖ ਮਾਂਡਵੀਆ ਨੇ 2047 ਤੱਕ ਭਾਰਤ ਦੇ ਵਿਕਸਤ ਰਾਸ਼ਟਰ ਬਣਨ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ, ਨੌਜਵਾਨਾਂ ਨੂੰ ਨਸ਼ਾ ਮੁਕਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।
- ਆਮ ਆਦਮੀ ਪਾਰਟੀ ਦੇ ਖਰੜ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਅਨਮੋਲ ਗਗਨ ਮਾਨ ਨੇ ਸਿਆਸਤ ਛੱਡਣ ਦਾ ਐਲਾਨ ਕੀਤਾ ਏ.
- ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਲੋਕ ਪੱਖੀ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।
- ਅੱਜ, ਅਠਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ, ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ.

- ਔਰਤਾਂ ਦੇ ਕ੍ਰਿਕੇਟ ਵਿੱਚ, ਲੰਡਨ ਦੇ ਲਾਰਡਸ ਵਿਖੇ ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ ਮੀਂਹ ਕਾਰਨ ਟਾਸ ਵਿੱਚ ਦੇਰੀ ਹੋਈ ਏ।

***ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ, ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ, ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ .ਨਮਸ੍ਕਾਰ!***